# ਮਗਨਰੇਗਾ ਤਹਿਤ ਜ਼ਿਲ੍ਹੇ ਵਿੱਚ ਚਾਲੂ ਵਿੱਤੀ ਸਾਲ ਦੌਰਾਨ ਲਗਭੱਗ 23.68 ਕਰੋੜ ਰੁਪਏ ਖ਼ਰਚ ਕੀਤੇ ਗਏ-ਵਧੀਕ ਡਿਪਟੀ ਕਮਿਸ਼ਨਰ

- **ਮਗਨਰੇਗਾ ਮਜ਼ਦੂਰਾਂ ਨੂੰ 8,84,892 ਦਿਹਾੜੀਆਂ ਦਿੱਤੀਆਂ ਗਈਆਂ**

**71,173 ਵਿਅਕਤੀਆਂ ਦੇ ਜਾਬ ਕਾਰਡ ਬਣਾਏ ਗਏ**

**ਜ਼ਿਲ੍ਹੇ 'ਚ ਵਿਕਾਸ ਕਾਰਜਾਂ 'ਤੇ ਮਗਨਰੇਗਾ ਤਹਿਤ ਪ੍ਰਾਪਤ ਗ੍ਰਾਂਟਾਂ ਦੀ ਯੋਗ ਵਰਤੋਂ ਨੂੰ ਯਕੀਨੀ ਬਨਾਉਣ ਲਈ ਕੀਤੇ ਜਾ ਰਹੇ ਹਨ ਉਪਰਾਲੇ**

ਮੋਗਾ 12 ਅਕਤੂਬਰਃ

ਮਹਾਤਮਾ ਗਾਂਧੀ ਨੈਸ਼ਨਲ ਰੋਜ਼ਗਾਰ ਗਾਰੰਟੀ ਯੋਜਨਾ (ਮਗਨਰੇਗਾ) ਤਹਿਤ ਵਿਕਾਸ ਕਾਰਜਾਂ 'ਤੇ ਚਾਲੂ ਵਿੱਤੀ ਸਾਲ 2017-18 ਦੌਰਾਨ ਕੁੱਲ 23 ਕਰੋੜ 68 ਲੱਖ 18 ਹਜ਼ਾਰ ਰੁਪਏ ਖਰਚ ਕੀਤੇ ਗਏ, ਜਿਸ ਵਿੱਚੋਂ 22 ਕਰੋੜ 75 ਲੱਖ 66 ਹਜ਼ਾਰ ਲੇਬਰ 'ਤੇ ਅਤੇ 92 ਲੱਖ 52 ਹਜ਼ਾਰ ਰੁਪਏ ਮਟੀਰੀਅਲ 'ਤੇ ਖਰਚ ਕੀਤੇ ਗਏ।

ਇਸ ਸਬੰਧੀ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਰਾਜੇਸ਼ ਤ੍ਰਿਪਾਠੀ ਨੇ ਮਗਨਰੇਗਾ ਤਹਿਤ ਵਿਕਾਸ ਕਾਰਜਾਂ 'ਤੇ ਬਲਾਕ-ਵਾਈਜ਼ ਹੋਏ ਖਰਚ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਲਾਕ ਮੋਗਾ-1 ਵਿੱਚ 4 ਕਰੋੜ 12 ਲੱਖ 28 ਹਜ਼ਾਰ ਰੁਪਏ, ਬਲਾਕ ਮੋਗਾ-2 ਵਿੱਚ 4 ਕਰੋੜ 27 ਲੱਖ 71 ਹਜ਼ਾਰ ਰੁਪਏ, ਬਲਾਕ ਬਾਘਾਪੁਰਾਣਾ ਵਿੱਚ 4 ਕਰੋੜ 15 ਲੱਖ 19 ਹਜ਼ਾਰ ਰੁਪਏ, ਬਲਾਕ ਨਿਹਾਲ ਸਿੰਘ ਵਾਲਾ ਵਿੱਚ 5 ਕਰੋੜ 63 ਲੱਖ 86 ਹਜ਼ਾਰ ਰੁਪਏ ਅਤੇ ਬਲਾਕ ਕੋਟ ਈਸੇ ਖਾਂ ਵਿੱਚ 5 ਕਰੋੜ 49 ਲੱਖ 14 ਹਜ਼ਾਰ ਰੁਪਏ ਦੇ ਕੰਮ ਮਗਨਰੇਗਾ ਤਹਿਤ ਕਰਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਮਗਨਰੇਗਾ ਤਹਿਤ ਪ੍ਰਾਪਤ ਗ੍ਰਾਂਟਾਂ ਦੀ ਜ਼ਿਲ੍ਹੇ 'ਚ ਵਿਕਾਸ ਕਾਰਜਾਂ 'ਤੇ ਯੋਗ ਵਰਤੋਂ ਨੂੰ ਯਕੀਨੀ ਬਨਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ।

ਸ੍ਰੀ ਰਾਜੇਸ਼ ਤ੍ਰਿਪਾਠੀ ਨੇ ਅੱਗੇ ਦੱਸਿਆ ਕਿ ਇਸ ਸਕੀਮ ਤਹਿਤ ਕੁੱਲ 1,104 ਵਿਕਾਸ ਕਾਰਜਾਂ ਦੀ ਚੋਣ ਕੀਤੀ ਗਈ ਸੀ, ਜਿਸ ਵਿੱਚੋਂ 257 ਕੰਮ ਮੁਕੰਮਲ ਹੋ ਚੁੱਕੇ ਹਨ, ਜਦ ਕਿ 847 ਕੰਮ ਪ੍ਰਗਤੀ ਅਧੀਨ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਕਾਸ ਕਾਰਜਾਂ ਵਿੱਚ ਰੂਰਲ ਕੁਨੈਕਟੀਵਿਟੀ, ਭਾਰਤ ਨਿਰਮਾਣ ਰਾਜੀਵ ਗਾਂਧੀ ਸੇਵਾ ਕੇਂਦਰ, ਆਂਗਣਬਾੜੀ ਕੇਂਦਰ, ਪੇਂਡੂ ਪਖਾਨਿਆਂ ਦੀ ਉਸਾਰੀ ਅਤੇ ਭੂਮੀ ਨੂੰ ਪੱਧਰਾ ਕਰਨ ਤੇ ਪੌਦੇ ਲਗਾਉਣ ਆਦਿ ਕੰਮ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ 5 ਬਲਾਕਾਂ ਵਿੱਚ ਕੁੱਲ 71,173 ਵਿਅਕਤੀਆਂ ਦੇ ਜਾਬ ਕਾਰਡ ਬਣਾਏ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ 'ਚ ਵਿਕਾਸ ਕਾਰਜ ਕਰਵਾਉਣ ਲਈ ਮਗਨਰੇਗਾ ਮਜ਼ਦੂਰਾਂ ਨੂੰ ਕੁੱਲ 8,84,892 ਦਿਹਾੜੀਆਂ ਦਿੱਤੀਆਂ ਗਈਆਂ ਹਨ, ਜਿੰਨ੍ਹਾਂ ਵਿੱਚੋਂ 3,49,903 ਦਿਹਾੜੀਆਂ ਔਰਤਾਂ ਦੇ ਹਿੱਸੇ ਆਈਆਂ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਮਗਨਰੇਗਾ ਤਹਿਤ ਕੁੱਲ 35,832 ਪ੍ਰੀਵਾਰਾਂ ਨੂੰ ਕੰਮ ਮੁਹੱਈਆ ਕਰਵਾਇਆ ਗਿਆ ਅਤੇ 31 ਪ੍ਰੀਵਾਰਾਂ ਵੱਲੋਂ ਮਗਨਰੇਗਾ ਰੋਜ਼ਗਾਰ ਦੇ 100 ਦਿਨ ਪੂਰੇ ਕੀਤੇ ਗਏ। ਉਨ੍ਹਾਂ ਕਿਹਾ ਕਿ ਮਗਨਰੇਗਾ ਸਕੀਮ ਦਾ ਲਾਭ ਆਮ ਲੋਕਾਂ ਤੱਕ ਪਹੁੰਚਣਾ ਚਾਹੀਦਾ ਹੈ ਅਤੇ ਇਸ ਸਕੀਮ ਤਹਿਤ ਵੱਧ ਤੋਂ ਵੱਧ ਵਿਕਾਸ ਕਾਰਜ ਕਰਵਾਏ ਜਾਣਗੇ, ਤਾਂ ਜੋ ਲੋੜਵੰਦ ਵਿਅਕਤੀਆਂ ਲਈ ਰੋਜ਼ਗਾਰ ਦੇ ਹੋਰ ਮੌਕੇ ਪ੍ਰਾਪਤ ਹੋ ਸਕਣ।

